# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 08-11-2024**

ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਕਿਹਾ ਏ ਕਿ ਭ੍ਰਿਸ਼ਟਾਚਾਰ ਇਕ ਅਜਿਹੀ ਬੀਮਾਰੀ ਏ , ਜਿਸ ਨੂੰ ਜੜ੍ਹ ਤੋਂ ਖਤਮ ਕਰਨਾ ਜ਼ਰੂਰੀ ਏ । ਰਾਸ਼ਟਰਪਤੀ ਨਵੀਂ ਦਿੱਲੀ ਵਿਚ ਕੇਂਦਰੀ ਵਿਜੀਲੈਂਸ ਕਮਿਸ਼ਨ ਦੇ ਵਿਜੀਲੈਂਸ ਜਾਗਰੂਕਤਾ ਹਫ਼ਤੇ ਮੌਕੇ ਇਕ ਸਮਾਗਮ ਨੂੰ ਸੰਬੋਧਨ ਕਰ ਰਹੇ ਸਨ। ਰਾਸ਼ਟਰਪਤੀ ਨੇ ਕਿਹਾ ਕਿ ਸਰਕਾਰ ਨੇ ਭ੍ਰਿਸ਼ਟਾਚਾਰ ਨਾਲ ਨਜਿੱਠਣ ਲਈ ਕਈ ਪਹਿਲਕਦਮੀਆਂ ਕੀਤੀਆਂ ਨੇ । ਉਹਨਾਂ ਇਹਨਾਂ ਵਿਚੋਂ ਕੁਝ ਉਪਾਵਾਂ ਵਜੋਂ ਡਾਇਰੈਕਟ ਬੈਨਫਿਟ ਟ੍ਰਾਂਸਫਰ ਸਕੀਮ, ਈ ਮਾਰਕੀਟਪਲੇਸ ਤੇ ਆਰਥਿਕ ਅਪਰਾਧੀ ਐਕਟ ਦਾ ਹਵਾਲਾ ਦਿੱਤਾ। ਰਾਸ਼ਟਰਪਤੀ ਨੇ ਦੱਸਿਆ ਕਿ ਸਰਦਾਰ ਵੱਲਭ ਭਾਈ ਪਟੇਲ ਦੀ ਜਯੰਤੀ ਮੌਕੇ ਵਿਜਿਲੈਂਸ ਜਾਗਰੂਕਤਾ ਹਫ਼ਤਾ ਆਯੋਜਿਤ ਕੀਤਾ ਜਾਂਦਾ ਏ

। ਇਸ ਗੱਲ 'ਤੇ ਜ਼ੋਰ ਦਿੰਦੇ ਹੋਏ ਕਿ ਵਿਸ਼ਵਾਸ ਕਿਸੇ ਵੀ ਸਮਾਜ ਦੀ ਨੀਂਹ ਹੁੰਦਾ ਏ ਰਾਸ਼ਟਰਪਤੀ ਨੇ ਕਿਹਾ ਭ੍ਰਿਸ਼ਟਾਚਾਰ ਸਮਾਜ ਵਿੱਚ ਵਿਸ਼ਵਾਸ ਨੂੰ ਘਟਾਉਂਦਾ ਏ।

---------------------------------------------------

ਪੰਜਾਬ ਸਰਕਾਰ ਨੇ ਬਿਜਲੀ ਤੇ ਸ਼ਹਿਰੀ ਖੇਤਰ ਨਾਲ ਸਬੰਧਤ ਸੂਬੇ ਦੀਆਂ ਮੰਗਾਂ ਬਾਰੇ ਕੇਂਦਰ ਸਰਕਾਰ ਕੋਲ ਆਪਣਾ ਪੱਖ ਰੱਖਿਆ ਏ। ਚੰਡੀਗੜ੍ਹ ਵਿਖੇ ਪੰਜਾਬ ਦੇ ਮਕਾਨ ਉਸਾਰੀ ਤੇ ਸ਼ਹਿਰੀ ਵਿਕਾਸ ਮੰਤਰੀ ਹਰਦੀਪ ਸਿੰਘ ਮੁੰਡਿਆਂ , ਬਿਜਲੀ ਮੰਤਰੀ ਹਰਭਜਨ ਸਿੰਘ ਈ.ਟੀ.ਓ. ਤੇ ਸਥਾਨਕ ਸਰਕਾਰਾਂ ਬਾਰੇ ਮੰਤਰੀ ਡਾ. ਰਵਜੋਤ ਸਿੰਘ ਦੀ ਅਗਵਾਈ ਹੇਠ ਸੂਬਾ ਸਰਕਾਰ ਦੇ ਵਫਦ ਵਲੋਂ ਕੇਂਦਰੀ ਮੰਤਰੀ ਮਨੋਹਰ ਲਾਲ ਖੱਟਰ ਨਾਲ ਮੁਲਾਕਾਤ ਕੀਤੀ ਗਈ ਤੇ ਉਹਨਾਂ ਅੱਗੇ ਪੰਜਾਬ ਦੀਆ ਮੰਗਾਂ ਰੱਖੀਆਂ । ਪੰਜਾਬ ਨੇ ਕੇਂਦਰ ਅੱਗੇ ਭਾਖੜਾ ਬਿਆਸ ਪ੍ਰਬੰਧ ਬੋਰਡ, ਹਿਮਾਚਲ ਪ੍ਰਦੇਸ਼ ਵਿੱਚ ਸ਼ਾਨਨ ਪ੍ਰਾਜੈਕਟ ਤੇ ਖੇਤੀਬਾੜੀ ਲਈ ਸਬਸਿਡੀ ਵਾਲੇ ਸੌਰ ਪੰਪਾਂ ਦੀ ਸਮਰੱਥਾ ਵਧਾਉਣ ਸਮੇਤ ਹੋਰ ਮੰਗਾਂ ਰੱਖੀਆਂ । ਕੇਂਦਰੀ ਮੰਤਰੀ ਨੇ ਪੰਜਾਬ ਦੀਆਂ ਬਹੁਤਾਤ ਮੰਗਾਂ ਉਤੇ

ਸਕਰਾਤਮਕ ਰਵੱਈਏ ਨਾਲ ਪਹੁੰਚ ਅਪਣਾਉਣ ਦਾ ਵਿਸ਼ਵਾਸ ਦਿਵਾਇਆ।

---------------------------------------------------------

ਦੇਸ਼ ਦੇ ਵੱਖ-ਵੱਖ ਹਿੱਸਿਆਂ 'ਚ ਅੱਜ ਸਵੇਰੇ ਚੜ੍ਹਦੇ ਸੂਰਜ ਨੂੰ ਅਰਘ ਦੇਣ ਨਾਲ 4 ਦਿਨਾਂ ਛਠ ਪੂਜਾ ਸੰਪੂਰਨ ਹੋ ਗਈ ਏ। ਬਿਹਾਰ 'ਚ ਲੱਖਾਂ ਸ਼ਰਧਾਲੂਆਂ ਨੇ ਵੱਖ-ਵੱਖ ਨਦੀਆਂ ਦੇ ਕੰਢਿਆਂ 'ਤੇ ਸੂਰਜ ਦੇਵਤਾ ਤੇ ਮਾਤਾ Chhathi Maiya ਦੀ ਪੂਜਾ ਕੀਤੀ। ਇਸ ਤੋਂ ਇਲਾਵਾ ਲੋਕਾਂ ਨੇ ਝੀਲਾਂ, ਜਲ ਭੰਡਾਰਾਂ ਤੇ ਛੱਤਾਂ 'ਤੇ ਛਠ ਪੂਜਾ ਕੀਤੀ। ਓਧਰ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਸਵੇਰ ਦੇ ਅਰਘ ਮੌਕੇ ਰਾਸ਼ਟਰ ਨੂੰ ਸ਼ੁਭਕਾਮਨਾਵਾਂ ਦਿੱਤੀਆਂ ਨੇ। ਇਕ ਸੋਸ਼ਲ ਮੀਡੀਆ ਪੋਸਟ ਵਿੱਚ ਸ਼੍ਰੀ ਮੋਦੀ ਨੇ ਕਿਹਾ ਕਿ ਮਹਾ-ਪਰਵ ਛਠ ਦੇ ਚਾਰ ਦਿਨਾਂ ਦੀ ਰਸਮ ਵਿੱਚ ਦਿਖਾਈ ਦੇਣ ਵਾਲੀ ਕੁਦਰਤ ਅਤੇ ਸੱਭਿਆਚਾਰ ਦੀ ਝਲਕ ਦੇਸ਼ ਵਾਸੀਆਂ ਨੂੰ ਨਵੀਂ ਊਰਜਾ ਅਤੇ ਉਤਸ਼ਾਹ ਨਾਲ ਭਰ ਦੇਵੇਗੀ।

---------------------------------------------------------

ਐਸ.ਏ.ਐੱਸ. ਨਗਰ ਸਥਿਤ ਮਹਾਰਾਜਾ ਰਣਜੀਤ ਸਿੰਘ ਆਰਮਡ

ਫੋਰਸਜ਼ ਪ੍ਰੈਪਰੇਟਰੀ ਇੰਸਟੀਚਿਊਟ ਦੇ ਕੈਡੇਟ ਕਰਮਨ ਸਿੰਘ ਤਲਵਾੜ ਨੇ ਭਾਰਤੀ ਫੌਜ ਦੀ ਟੈਕਨੀਕਲ ਐਂਟਰੀ ਸਕੀਮ (ਟੀ.ਈ.ਐਸ.) ਦੀ ਆਲ ਇੰਡੀਆ ਮੈਰਿਟ ਸੂਚੀ ਵਿਚ ਦੂਜਾ ਸਥਾਨ ਹਾਸਲ ਕੀਤਾ ਏ । ਨਵੀਂ ਦਿੱਲੀ ਸਥਿਤ ਆਰਮੀ ਹੈੱਡਕੁਆਰਟਰ ਵਲੋਂ ਇਹ ਮੈਰਿਟ ਸੂਚੀ ਜਾਰੀ ਕੀਤੀ ਗਈ ਏ । ਕਰਮਨ ਸਿੰਘ ਤਲਵਾੜ ਤੋਂ ਇਲਾਵਾ ਇਸ ਇੰਸਟੀਚਿਊਟ ਦੇ ਤਿੰਨ ਹੋਰ ਕੈਡਿਟਾਂ ਨੇ ਵੀ ਇਸ ਮੈਰਿਟ ਸੂਚੀ ਵਿਚ ਸਥਾਨ ਹਾਸਲ ਕੀਤਾ ਏ । ਮਾਨਸ ਤਨੇਜਾ ਨੇ 22ਵਾਂ, ਅਨੀਕੇਤ ਸ਼ਰਮਾ ਨੇ 31ਵਾਂ ਤੇ ਸੂਰਯਵਰਧਨ ਸਿੰਘ ਨੇ 37ਵਾਂ ਰੈਂਕ ਹਾਸਲ ਕੀਤਾ ਏ । ਜ਼ਿਕਰਯੋਗ ਏ ਕਿ ਭਾਰਤੀ ਫੌਜ ਦੀ ਟੈਕਨੀਕਲ ਐਂਟਰੀ ਸਕੀਮ ਤਹਿਤ ਇੰਜੀਨੀਅਰਜ਼, ਸਿਗਨਲਜ਼ ਤੇ ਇਲੈਕਟ੍ਰੀਕਲ ਮਕੈਨੀਕਲ ਇੰਜੀਨੀਅਰਿੰਗ (ਈ.ਐਮ.ਈ.) ਸਮੇਤ ਤਕਨੀਕੀ ਸ਼ਾਖਾਵਾਂ ਦੇ ਉਮੀਦਵਾਰਾਂ ਨੂੰ ਸਿਖਲਾਈ ਦਿੱਤੀ ਜਾਂਦੀ ਏ । ਟੀ.ਈ.ਐਸ. ਉਮੀਦਵਾਰ ਪੁਣੇ (ਮਹਾਰਾਸ਼ਟਰ), ਮਹੂ (ਮੱਧ ਪ੍ਰਦੇਸ਼) ਤੇ ਸਿਕੰਦਰਾਬਾਦ (ਤੇਲੰਗਾਨਾ) ਵਿਚ ਸਥਿਤ ਕੈਡੇਟ ਸਿਖਲਾਈ ਵਿੰਗਾਂ ਵਿਚ ਸਿਖਲਾਈ ਪ੍ਰਾਪਤ ਕਰਦੇ ਨੇ ।

------------------------------------------------------------

ਜਲੰਧਰ ਕਮਿਸ਼ਨਰੇਟ ਪੁਲਿਸ ਨੇ ਕੌਸ਼ਲ-ਬੰਬੀਹਾ ਗੈਂਗ ਦੇ ਦੋ ਗੈਂਗਸਟਰਾਂ ਨੂੰ ਪੁਲਿਸ ਹਿਰਾਸਤ ਵਿਚੋਂ ਭੱਜਣ ਦੀ ਨਾਕਾਮ ਕੋਸ਼ਿਸ਼ ਕਰਦਿਆਂ ਕਾਬੂ ਕੀਤਾ ਏ । ਪੰਜਾਬ ਪੁਲਿਸ ਦੇ ਡੀ.ਜੀ.ਪੀ. ਗੌਰਵ ਯਾਦਵ ਨੇ ਦੱਸਿਆ ਕਿ ਪੁਲਿਸ ਟੀਮਾਂ ਨੂੰ ਮੌਕੇ ਤੋਂ ਦੋ ਪਿਸਤੌਲਾਂ ਸਮੇਤ 5 ਜ਼ਿੰਦਾ ਕਾਰਤੂਸ ਬਰਾਮਦ ਹੋਏ ਨੇ। ਗੈਂਗਸਟਰਾਂ ਦੀ ਪਛਾਣ ਰਾਜੇਸ਼ਵਰ ਕੁਮਾਰ ਤੇ ਦੀਪਕ ਵੈਦ ਉਰਫ਼ ਬਾਬੂ ਵਜੋਂ ਹੋਈ ਏ। ਇਨਾਂ ਨੂੰ ਜਲੰਧਰ ਕਮਿਸ਼ਨਰੇਟ ਪੁਲਿਸ ਵਲੋਂ ਥਾਣਾ ਭਾਰਗੋ ਕੈਂਪ ਵਿਖੇ 17 ਅਕਤੂਬਰ 2024 ਨੂੰ ਦਰਜ ਹੋਏ ਅਸਲਾ ਐਕਟ ਦੇ ਕੇਸ ਦੀ ਤਫ਼ਤੀਸ਼ ਦੌਰਾਨ ਗ੍ਰਿਫਤਾਰ ਕੀਤਾ ਗਿਆ ਸੀ। ਇਸ ਗ੍ਰਿਫ਼ਤਾਰੀ ਨਾਲ ਇਸ ਮਾਮਲੇ ਵਿਚ ਕੁੱਲ ਗ੍ਰਿਫ਼ਤਾਰੀਆਂ ਦੀ ਗਿਣਤੀ ਹੁਣ 6 ਹੋ ਗਈ ਏ । ਡੀ.ਜੀ.ਪੀ. ਨੇ ਦੱਸਿਆ ਕਿ ਪੁਲਿਸ ਅਧਿਕਾਰੀਆਂ ਨੇ ਗੈਂਗਸਟਰਾਂ ਦਾ ਲਗਭਗ 1.5 ਕਿਲੋਮੀਟਰ ਤੱਕ ਪਿੱਛਾ ਕੀਤਾ ਤੇ ਬੜੀ ਮੁਸ਼ੱਕਤ ਤੋਂ ਬਾਅਦ ਗ੍ਰਿਫਤਾਰ ਕਰਨ ਵਿਚ ਸਫ਼ਲਤਾ ਹਾਸਲ ਕੀਤੀ।

------------------------------------------------------------

ਸੀ.ਆਈ.ਏ. ਸਟਾਫ ਮਲੋਟ ਜਿਲਾ ਮੁਕਤਸਰ ਦੇ ਏ.ਐਸ.ਆਈ. ਬਲਜਿੰਦਰ ਸਿੰਘ ਤੇ ਸੀਨੀਅਰ ਸਿਪਾਹੀ ਗੁਰਪ੍ਰੀਤ ਸਿੰਘ ਉਰਫ ਗੋਪੀ ਖਿਲਾਫ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਮੁਕੱਦਮਾ ਦਰਜ ਕੀਤਾ ਗਿਆ ਏ ।ਮਾਮਲੇ ਵਿਚ ਸੀਨੀਅਰ ਸਿਪਾਹੀ ਗੁਰਪ੍ਰੀਤ ਸਿੰਘ ਗੋਪੀ ਨੂੰ ਗ੍ਰਿਫਤਾਰ ਕਰ ਲਿਆ ਏ ਤੇ ਦੂਜੇ ਮੁਲਜ਼ਮ ਦੀ ਭਾਲ ਜਾਰੀ ਹੈ । ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਪੁਲਿਸ ਮੁਲਾਜ਼ਮਾਂ ਖਿਲਾਫ ਇਹ ਮੁਕੱਦਮਾ ਸ਼ਿਕਾਇਤਕਰਤਾ ਬਲਵੀਰ ਸਿੰਘ ਉਰਫ ਬੀਰਾ ਵਾਸੀ ਪਿੰਡ ਸੇਰਾਵਾਲਾ ਜਿਲ੍ਹਾ ਸ੍ਰੀ ਮੁਕਤਸਰ ਸਾਹਿਬ ਵੱਲੋਂ ਕਰਵਾਈ ਸ਼ਿਕਾਇਤ ਦੀ ਪੜਤਾਲ ਉਪਰੰਤ ਦਰਜ ਕੀਤਾ ਗਿਆ ਏ। ਉਨ੍ਹਾਂ ਦੱਸਿਆ ਕਿ ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਕੋਲ ਪਹੁੰਚ ਕਰਕੇ ਦੋਸ਼ ਲਗਾਇਆ ਕਿ ਉਸ ਖਿਲਾਫ ਨਸ਼ੀਲੀਆਂ ਗੋਲੀਆਂ ਤੇ ਚਿੱਟੇ ਦੀ ਵੱਡੀ ਰਿਕਵਰੀ ਦਾ ਡਰਾਵਾ ਦੇ ਕੇ ਝੂਠਾ ਪਰਚਾ ਨਾ ਦਰਜ ਨਾ ਕਰਨ ਬਦਲੇ ਉਸ ਪਾਸੋਂ 2,50,000 ਰੁਪਏ ਰਿਸ਼ਵਤ ਦੀ ਮੰਗ ਕੀਤੀ ਤੇ ਬਾਅਦ ਵਿਚ 60,000 ਰੁਪਏ ਰਿਸ਼ਵਤ ਲੈਣ ਲਈ ਸਹਿਮਤ ਹੋ ਗਏ।

-----------------------------------------------------------

ਕੇਂਦਰੀ ਜੇਲ੍ਹ ਕਪੂਰਥਲਾ ਵਿਚ ਇਕ ਕੈਦੀ ਦੀ ਸਿਹਤ ਖ਼ਰਾਬ ਹੋਣ ਤੋਂ ਬਾਅਦ ਉਸ ਨੂੰ ਸਿਵਲ ਹਸਪਤਾਲ ਕਪੂਰਥਲਾ ਵਿਖੇ ਲਿਆਂਦਾ ਗਿਆ, ਜਿੱਥੇ ਉਸ ਨੂੰ ਮ੍ਰਿਤਕ ਐਲਾਨ ਦਿੱਤਾ ਗਿਆ । ਇਸ ਸੰਬੰਧੀ ਡਿਊਟੀ ਡਾਕਟਰ ਸਿਧਾਰਥ ਬਿੰਦਰਾ ਨੇ ਦੱਸਿਆ ਕਿ ਕਰਨਪਾਲ ਗੋਇਲ ਪੁੱਤਰ ਸਰੂਪ ਚੰਦ ਦੀ ਜਾਂਚ ਕੀਤੀ ਗਈ ਤਾਂ ਉਸ ਦੀ ਮੌਤ ਪਹਿਲਾਂ ਹੀ ਹੋ ਚੁੱਕੀ ਸੀ। ਉਨ੍ਹਾਂ ਦੱਸਿਆ ਕਿ ਲਾਸ਼ ਨੂੰ ਮੁਰਦਾ ਘਰ ਵਿਖੇ ਰਖਵਾ ਕੇ ਅਗਲੇਰੀ ਕਾਰਵਾਈ ਲਈ ਥਾਣਾ ਕੋਤਵਾਲੀ ਦੀ ਪੁਲਿਸ ਨੂੰ ਸੂਚਿਤ ਕਰ ਦਿੱਤਾ ਗਿਆ ਏ ।

-------------------------------------------------------

ਈ. ਡੀ. ਦੇ ਚੰਡੀਗੜ੍ਹ ਜ਼ੋਨਲ ਦਫ਼ਤਰ ਨੇ ਕਰੀਬ 180 ਕਰੋੜ ਰੁਪਏ ਦੀ ਬੈਂਕ ਧੋਖਾਧੜੀ ਨਾਲ ਸਬੰਧਿਤ ਮਾਮਲੇ ’ਚ ਚੰਡੀਗੜ੍ਹ, ਮੁਹਾਲੀ, ਅੰਮ੍ਰਿਤਸਰ, ਪੰਚਕੂਲਾ, ਬੱਦੀ, ਗੁਜਰਾਤ ਸਮੇਤ ਗੁਗਲਾਨੀ ਗਰੁੱਪ ਦੀਆਂ ਕੰਪਨੀਆਂ ਦੇ 11 ਟਿਕਾਣਿਆਂ ‘ਤੇ ਛਾਪੇਮਾਰੀ ਕੀਤੀ ਏ । ਇਸ ਦੌਰਾਨ ਈ.ਡੀ. ਦੀ ਟੀਮ ਨੇ ਵੱਖ-ਵੱਖ ਅਪਰਾਧਿਕ ਦਸਤਾਵੇਜ਼, ਡਿਜੀਟਲ ਉਪਕਰਣ ਤੇ 3 ਲੱਖ ਰੁਪਏ ਦੀ ਨਕਦੀ

ਬਰਾਮਦ ਕੀਤੀ ਏ। ਈ. ਡੀ. ਦੀ ਛਾਪੇਮਾਰੀ ਗੁਗਲਾਨੀ ਗਰੁੱਪ ਦੀਆਂ ਕੰਪਨੀਆਂ ਦੁਆਰਾ ਕੀਤੇ ਗਏ ਦੋ ਬੈਂਕ ਧੋਖਾਧੜੀ ਦੇ ਮਾਮਲਿਆਂ ਨਾਲ ਸਬੰਧਤ ਸੀ। ਇਨ੍ਹਾਂ ਮਾਮਲਿਆਂ 'ਚ ਕ੍ਰਮਵਾਰ 125.40 ਕਰੋੜ ਰੁਪਏ ਤੇ 53.88 ਕਰੋੜ ਰੁਪਏ (ਕੁੱਲ 179.28 ਕਰੋੜ ਰੁਪਏ) ਦੀ ਧੋਖਾਧੜੀ ਹੋਈ ਏ। ਈ. ਡੀ. ਦੀ ਟੀਮ ਲੰਬੇ ਸਮੇਂ ਤੋਂ ਇਸ ਮਾਮਲੇ ਦੀ ਜਾਂਚ 'ਚ ਰੁੱਝੀ ਹੋਈ ਸੀ।